**File No.DIPR-PRSS0PRS1(356)/419/2020-DPRO Amritsar**

**I/19318/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਕੋਰੋਨਾ ਨੂੰ ਹਰਾ ਕੇ ਘਰ ਨੂੰ ਪਰਤੇ ਕ੍ਰਿਸ਼ਨਾ ਨਗਰ ਦੇ ਬਲਬੀਰ ਸਿੰਘ**

**ਕੈਬਨਿਟ ਮੰਤਰੀ ਸ੍ਰੀ ਓ ਪੀ ਸੋਨੀ ਨੇ ਦਿੱਤੀਆਂ ਸ਼ੁਭ ਕਾਮਨਾਵਾਂ**

ਅੰਮ੍ਰਿਤਸਰ, 20 ਅਪ੍ਰੈਲ ( )-

ਕ੍ਰਿਸ਼ਨਾ ਨਗਰ ਅੰਮ੍ਰਿਤਸਰ ਨਿਵਾਸੀ ਬਲਬੀਰ ਸਿੰਘ , ਉਮਰ ਕਰੀਬ 67 ਸਾਲ, ਜਿੰਨਾ ਨੂੰ ਇਕ ਅਪ੍ਰੈਲ ਨੂੰ ਕੋਵਿਡ 19 ਤੋਂ ਪੀੜਤ ਹੋ ਜਾਣ ਕਾਰਨ ਗੁਰੂ ਨਾਨਕ ਹਸਪਤਾਲ ਅੰਮ੍ਰਿਤਸਰ ਵਿਚ ਦਾਖਲ ਕਰਵਾਇਆ ਗਿਆ ਸੀ , ਨੂੰ ਦੋ ਟੈਸਟ ਨੈਗੇਟਿਵ ਆਉਣ ਮਗਰੋਂ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਇਸ ਮੌਕੇ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਛੁੱਟੀ ਮਿਲਣ ਉਤੇ ਸ. ਬਲਬੀਰ ਸਿੰਘ ਨਾਲ ਫੋਨ ਉਤੇ ਗੱਲਬਾਤ ਕੀਤੀ ਅਤੇ ਸ਼ੁਭ ਕਾਮਨਾਵਾਂ ਦਿੰਦੇ ਹੋਏ ਹਸਪਤਾਲ ਪ੍ਰਬੰਧਾਂ ਬਾਰੇ ਪੁੱਛਿਆ। ਜਿਸਦੇ ਉਤਰ ਵਿਚ ਬਲਬੀਰ ਸਿੰਘ ਨੇ ਦੱਸਿਆ ਕਿ ਮੈਂ ਕੋਰੋਨਾ ਦੇ ਲੱਛਣਾ ਕਾਰਨ ਆਪ ਹਸਪਤਾਲ ਦਾਖਲ ਹੋਇਆ ਸੀ ਅਤੇ ਇੱਥੇ ਆ ਕੇ ਹੀ ਬਿਮਾਰੀ ਦੀ ਪੁਸ਼ਟੀ ਹੋਈ ਸੀ। ਉਨਾਂ ਦੱਸਿਆ ਕਿ ਮੈਨੂੰ ਹਸਪਤਾਲ ਵਿਚ ਚੰਗਾ ਇਲਾਜ ਤੇ ਸਾਰੇ ਸਟਾਫ ਵੱਲੋਂ ਬਹੁਤ ਹਮਦਰਦੀ ਭਰਿਆ ਮਾਹੌਲ ਦਿੱਤਾ ਗਿਆ , ਜਿਸ ਸਦਕਾ ਮੈਂ ਬਿਮਾਰੀ ਨੂੰ ਮਾਤ ਦੇ ਕੇ ਆਪਣੇ ਘਰ ਪਰਤ ਰਿਹਾ ਹਾਂ। ਇਸ ਮੌਕੇ ਪ੍ਰਿੰਸੀਪਲ ਡਾ. ਸੁਜਾਤਾ ਸ਼ਰਮਾ , ਸੁਪਰਡੈਂਟ ਸ੍ਰੀ ਰਮਨ ਸ਼ਰਮਾ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਇਸ ਮੌਕੇ ਸ. ਬਲਬੀਰ ਸਿੰਘ ਨੇ ਸਾਰੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਰਫਿਊ ਦੌਰਾਨ ਘਰਾਂ ਵਿਚ ਰਹਿਣ ਅਤੇ ਜੇਕਰ ਕਿਸੇ ਨੂੰ ਕੋਰੋਨਾ ਬਿਮਾਰੀ ਵਰਗੇ ਲੱਛਣ ਮਹਿਸੂਸ ਹੋਣ ਤਾਂ ਘਬਰਾਉਣ ਨਾ ਸਗੋਂ ਨੇੜੇ ਦੇ ਸਰਕਾਰੀ ਹਸਪਤਾਲ ਵਿਚ ਸੰਪਰਕ ਕਰਨ , ਜਿੱਥੇ ਕਿ ਬਿਮਾਰੀ ਦਾ ਇਲਾਜ ਬਿਨਾਂ ਕਿਸੇ ਖਰਚ ਦੇ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ। ਪ੍ਰਿੰਸੀਪਲ ਸੁਜਾਤਾ ਸ਼ਰਮਾ ਨੇ ਦੱਸਿਆ ਕਿ 1 ਅਪ੍ਰੈਲ ਨੂੰ ਸ. ਬਲਬੀਰ ਸਿੰਘ ਨੂੰ ਇੰਨਾਂ ਦੀ ਰਿਪੋਰਟ ਪਾਜ਼ਿਟਵ ਆਉਣ ਮਗਰੋਂ ਹਸਪਤਾਲ ਦਾਖਲ ਕਰਵਾਇਆ ਗਿਆ ਸੀ ਅਤੇ ਇੱਥੇ ਡਾਕਟਰਾਂ ਨੇ ਲਗਾਤਾਰ ਉਨਾਂ ਦਾ ਇਲਾਜ ਕੀਤਾ। ਹੁਣ 18 ਅਤੇ 19 ਅਪ੍ਰੈਲ ਨੂੰ ਇੰਨਾਂ ਦੀ ਰਿਪੋਰਟ ਦੁਬਾਰਾ ਲਈਆਂ ਗਈਆਂ , ਜੋ ਕਿ ਨੈਗੇਟਿਵ ਆਉਣ ਮਗਰੋਂ ਅੱਜ ਇੰਨਾਂ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਉਨਾਂ ਨੇ ਫੁੱਲ ਭੇਟ ਕਰਕੇ ਬਲਬੀਰ ਸਿੰਘ ਨੂੰ ਨਵੀਂ ਜਿੰਦਗੀ ਦੀ ਸ਼ੁਰੂਆਤ ਕਰਨ ਲਈ ਮੁਬਾਰਕਬਾਦ ਵੀ ਦਿੱਤੀ।

ਕੈਪਸ਼ਨ

ਸ. ਬਲਬੀਰ ਸਿੰਘ ਨੂੰ ਫੁੱਲ ਭੇਟ ਕਰਕੇ ਸ਼ੁਭ ਕਾਮਨਾਵਾਂ ਦਿੰਦੇ ਪਿੰ੍ਰਸੀਪਲ ਸੁਜਾਤਾ ਸ਼ਰਮਾ। ਨਾਲ ਹਨ ਡਾ. ਰਮਨ ਸ਼ਰਮਾ ਤੇ ਹੋਰ ਅਧਿਕਾਰੀ।

===========

**File No.DIPR-PRSS0PRS1(356)/419/2020-DPRO Amritsar**

**I/19319/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਕਰਫਿਊ ਦੌਰਾਨ ਕਿਸੇ ਵੀ ਲੋੜਵੰਦ ਪਰਿਵਾਰ ਨੂੰ ਭੁੱਖਾ ਨਹੀਂ ਸੌਣ ਦਿੱਤਾ ਜਾਵੇਗਾ-ਓ ਪੀ ਸੋਨੀ**

**-ਗ਼ੈਰ ਪੀ.ਡੀ.ਐਸ. ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡਣ ਦੀ ਕੀਤੀ ਸ਼ੁਰੂਆਤ**

ਅੰਮ੍ਰਿਤਸਰ, 20 ਅਪ੍ਰੈਲ ( )-

ਪੰਜਾਬ ਦੇ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਕਿਹਾ ਹੈ ਕਿ ਕਰਫਿਊ ਦੌਰਾਨ ਰਾਜ ਵਿੱਚ ਕਿਸੇ ਵੀ ਲੋੜਵੰਦ ਪਰਿਵਾਰ ਨੂੰ ਭੁੱਖਾ ਨਹੀਂ ਸੌਣ ਦਿੱਤਾ ਜਾਵੇਗਾ , ਚਾਹੇ ਇਹ ਪਰਿਵਾਰ ਜਨਤਕ ਵੰਡ ਪ੍ਰਣਾਲੀ (ਪੀ.ਡੀ.ਐਸ.) ਅਧੀਨ ਆਉਂਦੇ ਹੋਣ ਜਾਂ ਨਹੀਂ। ਆਪਣੇ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਕੇਂਦਰੀ ਦੀਆਂ ਬਾਹਰਲੀਆਂ ਵਾਰਡਾਂ ਲਈ 1000 ਪਰਿਵਾਰਾਂ ਨੂੰ ਸੁੱਕੇ ਰਾਸ਼ਨ ਦੇ 5 ਟਰੱਕ ਰਵਾਨਾ ਕਰਨ ਮੌਕੇ ਉਨਾਂ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀਆਂ ਸਪੱਸ਼ਟ ਹਦਾਇਤਾਂ ਹਨ ਕਿ ਕਿਸੇ ਵੀ ਲੋੜਵੰਦ ਪਰਿਵਾਰ ਜਾਂ ਪਰਵਾਸੀ ਮਜ਼ਦੂਰਾਂ ਨੂੰ ਕੋਈ ਦਿੱਕਤ ਨਾ ਆਉਣ ਦਿੱਤੀ ਜਾਵੇ, ਜਿਨਾਂ ਦੀ ਪਾਲਣਾ ਕਰਦਿਆਂ ਰਾਸ਼ਨ ਵੰਡਿਆ ਜਾ ਰਿਹਾ ਹੈ।

ਉਨਾਂ ਦੱਸਿਆ ਕਿ ਨੀਲੇ ਕਾਰਡ ਧਾਰਕਾਂ ਨੂੰ ਇਕ ਵਾਰ ਰਾਸ਼ਨ ਦੀ ਵੰਡ ਕਰ ਦਿੱਤੀ ਗਈ ਹੈ ਅਤੇ ਆਉਂਦੇ ਦਿਨਾਂ ਵਿੱਚ ਇਨਾਂ ਕਾਰਡ ਧਾਰਕਾਂ ਨੂੰ ਦੂਜੀ ਵਾਰ ਰਾਸ਼ਨ ਦੀ ਵੰਡ ਕੀਤੀ ਜਾਵੇਗੀ। ਉਨਾਂ ਕਿਹਾ ਕਿ ਜਿਨਾਂ ਦੇ ਰਾਸ਼ਨ ਕਾਰਡ ਨਹੀਂ ਬਣੇ ਹੋਏ ਸਨ, ਉਨਾਂ ਨੂੰ ਦਿੱਕਤ ਸੀ, ਜਿਸ ਨੂੰ ਦੂਰ ਕੀਤਾ ਜਾ ਰਿਹਾ ਹੈ।

ਮੁਸ਼ਕਲ ਦੀ ਇਸ ਘੜੀ ਦਾ ਰਲ ਮਿਲ ਕੇ ਸਾਹਮਣਾ ਕਰਨ ਦੀ ਅਪੀਲ ਕਰਦਿਆਂ ਸ੍ਰੀ ਸੋਨੀ ਨੇ ਕਿਹਾ ਕਿ ਇਸ ਬਿਮਾਰੀ ਤੋਂ ਡਰਨ ਦੀ ਲੋੜ ਨਹੀਂ, ਸਗੋਂ ਜਾਗਰੂਕਤਾ ਨਾਲ ਇਸ ਦਾ ਡਟ ਕੇ ਸਾਹਮਣਾ ਕਰੋ ਅਤੇ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਘਰਾਂ ਵਿਚ ਹੀ ਰਹੋ। ਇਸ ਮੌਕੇ ਸ੍ਰੀ ਵਿਕਾਸ ਸੋਨੀ , ਸ੍ਰੀ ਰਾਘਵ ਸੋਨੀ , ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਕੈਪਸ਼ਨ

ਅੰਮ੍ਰਿਤਸਰ ਕੇਂਦਰੀ ਹਲਕੇ ਦੀਆਂ ਬਾਹਰਲੀਆਂ ਵਾਰਡਾਂ ਲਈ ਰਾਸ਼ਨ ਦੇ 5 ਟਰੱਕ ਰਵਾਨਾ ਕਰਨ ਮੌਕੇ ਸ੍ਰੀ ਓ ਪੀ ਸੋਨੀ।

======

**File No.DIPR-PRSS0PRS1(356)/419/2020-DPRO Amritsar**

**I/19320/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਜਨਤਕ ਸੁਰੱਖਿਆ ਨੂੰ ਯਕੀਨੀ ਬਣਾਉਣ ਵਿਚ ਵੀ ਮਦਦ ਕਰ ਰਿਹਾ ਕੋਵਾ ਐਪ**

ਅੰਮ੍ਰਿਤਸਰ, 20 ਅਪ੍ਰੈਲ ( )-

ਕੋਰੋਨਾ ਵਾਇਰਸ ਦੌਰਾਨ ਕਈ ਤਰਾਂ ਦੀਆਂ ਸੇਵਾਵਾਂ ਪ੍ਰਦਾਨ ਕਰਨ ਵਾਲੀ ਕੋਵਾ ਐਪ ਆਪਣੀ ਵਿਲੱਖਣ ਵਿਸ਼ੇਸ਼ਤਾ ਜ਼ਰੀਏ ਪੰਜਾਬ ਦੇ ਲੋਕਾਂ ਨੂੰ ਸੁਰੱਖਿਅਤ ਰਹਿਣ ਵਿਚ ਸਹਾਇਤਾ ਕਰ ਰਹੀ ਹੈ। ਇਸ ਐਪ ਰਾਹੀਂ ਹਰ ਵਿਅਕਤੀ ਆਪਣੇ ਨੇੜਲੇ ਕਰੋਨਾ ਪਾਜ਼ੇਟਿਵ ਵਿਅਕਤੀ ਤੋਂ ਆਪਣੀ ਦੂਰੀ ਵੇਖ ਸਕਦਾ ਹੈ। ਇਸ ਤੋਂ ਇਲਾਵਾ ਇਹ ਐਪ ਜ਼ਿਲਾ ਪ੍ਰਸ਼ਾਸਨ ਨੂੰ ਇਕਾਂਤਵਾਸ ਕੀਤੇ ਜਾਂ ਸ਼ੱਕੀ ਮਰੀਜ਼ ਵੱਲੋਂ ਆਪਣੀ ਥਾਂ ਤੋਂ 100 ਮੀਟਰ ਦੂਰ ਜਾਣ ਸਬੰਧੀ ਸੂਚਨਾ ਵੀ ਮੁਹੱਈਆ ਕਰਵਾ ਰਹੀ ਹੈ।

ਇਹ ਵਿਸ਼ੇਸ਼ਤਾ ਜਿੱਥੇ ਅਧਿਕਾਰੀਆਂ ਨੂੰ ਕੁਆਰੰਟੀਨ ਪਾਬੰਦੀਆਂ ਲਾਗੂ ਕਰਨ ਵਿੱਚ ਸਹਾਇਤਾ ਕਰ ਰਹੀ ਹੈ , ਉਥੇ ਇਹ ਸੂਬੇ ਦੇ ਲੋਕਾਂ ਨੂੰ ਇੱਕ ਸਵੈ-ਨਿਯੰਤਰਣ ਵਿਧੀ ਰਾਹੀਂ ਆਪਣੇ ਅਤੇ ਆਪਣੇ ਪਰਿਵਾਰਕ ਮੈਂਬਰਾਂ / ਦੋਸਤਾਂ ਆਦਿ ਨੂੰ ਸੁਰੱਖਿਅਤ ਰੱਖਣ ਵਿੱਚ ਵੀ ਸਹਾਇਤਾ ਕਰ ਰਹੀ ਹੈ।

ਪਾਜ਼ੇਟਿਵ ਮਰੀਜ਼ਾਂ ਦੀ ਜੀਓਟੈਗਿੰਗ ਨਾਲ ਇਹ ਐਪ ਜ਼ਿਲਾ ਪ੍ਰਸ਼ਾਸਨ ਨੂੰ ਉਨਾਂ ਥਾਵਾਂ ਦਾ ਪਤਾ ਲਗਾਉਣ ਵਿਚ ਸਹਾਇਤਾ ਕਰਦੀ ਹੈ ਜਿੱਥੇ ਕੋਵਿਡ ਪਾਜ਼ੇਟਿਵ ਵਿਅਕਤੀ ਪਿਛਲੇ ਕੁਝ ਦਿਨਾਂ ਵਿੱਚ ਗਿਆ ਹੈ। ਜੇ ਕੋਵਾ ਐਪ ਨਾਲ ਮੋਬਾਈਲ ਫੋਨ ਵਿੱਚ ਬਲਿਊਟੁੱਥ ਚਲਾਇਆ ਜਾਂਦਾ ਹੈ ਤਾਂ ਇਹ ਐਪ ਕੋਵਿਡ - 19 ਦੇ ਸ਼ੱਕੀ ਜਾਂ ਪਾਜ਼ੇਟਿਵ ਵਿਅਕਤੀ ਦੇ ਬਲਿਊਟੁੱਥ ਰੇਂਜ ਵਿੱਚ ਆਉਣ ਤੇ ਨਾਗਰਿਕ ਨੂੰ ਸੂਚਿਤ ਕਰੇਗੀ। ਇਹ ਸਿਹਤ ਵਿਭਾਗ ਅਤੇ ਜ਼ਿਲਾ ਪ੍ਰਸ਼ਾਸਨ ਨੂੰ ਪਾਜ਼ੇਟਿਵ ਮਰੀਜ਼ਾਂ ਦੀ ਟਰੈਵਲ ਹਿਸਟਰੀ ਦਾ ਪਤਾ ਲਗਾਉਣ ਵਿੱਚ ਵੀ ਮਦਦ ਕਰਦੀ ਹੈ।

ਇਸ ਤੋਂ ਇਲਾਵਾ ਕੋਵਾ ਡੈਸ਼ਬੋਰਡ ਇਕਾਂਤਵਾਸ ਕੀਤੇ ਵਿਅਕਤੀਆਂ ਦਾ ਪਤਾ ਲਗਾਉਣ ਅਤੇ ਉਨਾਂ ਦੇ ਆਪਣੀ ਬੇਸ ਲੋਕੇਸ਼ਨ ਤੋਂ ਦੂਰ ਜਾਣ ਉਤੇ ਨਿਗਰਾਨੀ ਰੱਖਣ ਲਈ ਜ਼ਿਲਾ ਪ੍ਰਸ਼ਾਸਨ ਦੀ ਸਹਾਇਤਾ ਕਰਦਾ ਹੈ। ਜੇ ਮਰੀਜ਼ ਦੇ ਫੋਨ ਦੀ ਲੋਕੇਸ਼ਨ ਜਾਂ ਬਲਿਊਟੁੱਥ ਬੰਦ ਹੋਵੇ ਤਾਂ ਉਨਾਂ ਦੀ ਹਲਚਲ ਦਾ ਪਤਾ ਲਗਾਉਣ ਲਈ ਟੈਲੀਕਾਮ ਪ੍ਰੋਵਾਇਡਰਾਂ ਵੱਲੋਂ ਉਨਾਂ ਦੇ ਮੋਬਾਇਲ ਵੀ ਵਰਤੇ ਜਾ ਸਕਦੇ ਹਨ। ਟੈਲੀਕਾਮ ਕੰਪਨੀਆਂ ਹਰੇਕ ਜ਼ਿਲੇ ਵਿਚ ਹੋਣ ਵਾਲੀਆਂ ਉਲੰਘਣਾਵਾਂ ਬਾਰੇ ਸਿਹਤ ਵਿਭਾਗ ਨੂੰ ਹਰ ਘੰਟੇ ਦੀ ਰਿਪੋਰਟ ਭੇਜਦੀਆਂ ਹਨ।

=====

**File No.DIPR-PRSS0PRS1(356)/419/2020-DPRO Amritsar**

**I/19321/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਖਾਲਸਾ ਕਾਲਜ ਵੱਲੋਂ 21 ਹਜ਼ਾਰ ਮਾਸਕ ਤੇ 21 ਹਜ਼ਾਰ ਸੈਨੀਟਾਇਜ਼ਰ ਜਿਲਾ ਪ੍ਰਸ਼ਾਸਨ ਨੂੰ ਭੇਟ**

**ਕੁਦਰਤੀ ਆਫਤ ਵਿਚ ਹਰ ਤਰਾਂ ਨਾਲ ਸਾਥ ਦੇਣ ਦਾ ਦਿੱਤਾ ਭਰੋਸਾ**

ਅੰਮ੍ਰਿਤਸਰ, 20 ਅਪ੍ਰੈਲ (           )-

ਖ਼ਾਲਸਾ ਕਾਲਜ ਚੈਰੀਟੇਬਲ ਸੋਸਾਇਟੀ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਅੱਜ ਲੋਕਾਂ ਦੀ ਸੁਰੱਖਿਆ ਲਈ ਬੇਖੌਫ਼ ਅਤੇ ਇਮਾਨਦਾਰੀ ਨਾਲ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀਆਂ, ਕਰਮਚਾਰੀਆਂ, ਮੰਡੀਆਂ 'ਚ ਕਿਸਾਨਾਂ ਆਦਿ ਲਈ 21 ਹਜ਼ਾਰ ਮਾਸਕ ਅਤੇ 2100 ਸੈਨੇਟਾਈਜ਼ਰ ਡਿਪਟੀ ਕਮਿਸ਼ਨਰ ਸ: ਸ਼ਿਵਦੁਲਾਰ ਸਿੰਘ ਢਿੱਲੋਂ ਅਤੇ ਡੀ. ਸੀ. ਪੀ. ਸ: ਜਗਮੋਹਨ ਸਿੰਘ ਦੇ ਸਪੁਰਦ ਕੀਤੇ। ਇਸ ਮੌਕੇ ਸ: ਛੀਨਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਬੀਤੇ ਦਿਨੀਂ ਮੈਨੇਜ਼ਮੈਂਟ ਅਤੇ ਸਮੂਹ ਪ੍ਰਿੰਸੀਪਲਜ਼ ਨੇ ਹਮਸਲਾਹ ਹੋ ਕੇ 'ਪੀ. ਐਮ. ਕੇਅਰ ਫੰਡ' ਲਈ 10 ਲੱਖ ਦੀ ਰਾਸ਼ੀ ਰਾਹਤ ਵਜੋਂ ਪ੍ਰਦਾਨ ਕਰਨ ਦਾ ਫ਼ੈਸਲਾ ਕੀਤਾ ਸੀ, ਜਿਸ 'ਚ 1,25,245/- ਰੁਪਏ ਸੁਸਾਇਟੀ ਵੱਲੋਂ ਅਤੇ 8,74,755/-ਰੁਪਏ ਸੁਸਾਇਟੀ ਅਧੀਨ ਆਉਂਦੇ 18 ਪ੍ਰਿੰਸੀਪਲਾਂ ਵੱਲੋਂ 15-15 ਦਿਨਾਂ ਦੀ ਤਨਖਾਹ ਦੀ ਕਟੌਤੀ ਕਰਵਾਉਂਦੇ ਹੋਏ ਇਸ ਨਾਜ਼ੁਕ ਸਮੇਂ'ਚ ਸਮਾਜ ਸੇਵੀ ਕਾਰਜ ਲਈ ਯੋਗਦਾਨ ਪਾਇਆ ਗਿਆ ਹੈ।

ਇਸ ਮੌਕੇ ਸ: ਛੀਨਾ ਨੇ ਕਿਹਾ ਕਿ ਸੁਸਾਇਟੀ ਮਾਨਵਤਾ ਦੀ ਭਲਾਈ ਲਈ ਹਮੇਸ਼ਾਂ ਕਾਰਜਸ਼ੀਲ ਹੈ ਅਤੇ ਅਜਿਹੀਆਂ ਆਫ਼ਤਾਂ ਨਾਲ ਨਜਿੱਠਣ ਲਈ ਸਰਕਾਰਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਚਲੇਗੀ ਤੇ ਜੋ ਸੰਭਵ ਸਹਾਇਤਾ ਹੋਵੇਗੀ ਉਹ ਸੋਸਾਇਟੀ ਦੁਆਰਾ ਕੀਤੀ ਜਾਵੇਗੀ। ਉਨਾਂ੍ਹ ਨੇ ਦੱਸਿਆ ਕਿ ਇਸ ਮੌਕੇ ਖ਼ਾਲਸਾ ਕਾਲਜ, ਖ਼ਾਲਸਾ ਕਾਲਜ ਫ਼ਾਰ ਵੂਮੈਨ ਖ਼ਾਲਸਾ ਕਾਲਜ ਆਫ਼ ਨਰਸਿੰਗ, ਖ਼ਾਲਸਾ ਕਾਲਜ ਚਵਿੰਡਾ ਦੇਵੀ, ਪਿੰਡ ਚਵਿੰਡਾ ਦੇਵੀ (ਅੰਮ੍ਰਿਤਸਰ)ਵੱਲੋਂ ਮਾਸਕ, ਜਦਕਿ ਖ਼ਾਲਸਾ ਕਾਲਜ ਆਫ਼ ਫ਼ਾਰਮੇਸੀ ਅਤੇ ਖ਼ਾਲਸਾ ਕਾਲਜ ਆਫ਼ ਨਰਸਿੰਗ ਵੱਲੋਂ ਸੈਟੇਨਾਈਜ਼ਰ ਸਹਾਇਤਾ ਵਜੋਂ ਪ੍ਰਦਾਨ ਕੀਤੇ ਗਏ ਹਨ, ਜੋ ਕਿ ਉਕਤ ਕਾਲਜਾਂ ਦੇ ਸਟਾਫ਼ ਤੇ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਗਏ। ਸ: ਛੀਨਾ ਨੇ ਸੋਸਾਇਟੀ ਦੇ ਸਹਿਯੋਗ ਨਾਲ ਲੋੜ ਅਨੁਸਾਰ ਭਵਿੱਖ 'ਚ ਹੋਰ ਵੀ ਸੈਨੇਟਾਈਜ਼ਰ ਅਤੇ ਮਾਸਕ ਬਣਾਕੇ ਦੇਣ ਦਾ ਡਿਪਟੀ ਕਮਿਸ਼ਨਰ ਸ: ਸ਼ਿਵਦੁਲਾਰ ਸਿੰਘ ਢਿੱਲੋਂ ਨੂੰ ਭਰੋਸਾ ਦਿੱਤਾ। ਇਸ ਮੌਕੇ ਡੀ. ਸੀ. ਸ: ਢਿੱਲੋਂ ਨੇ ਉਕਤ ਸੋਸਾਇਟੀ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਨਾਜ਼ੁਕ ਸਮੇਂ 'ਚ ਇਹੋ ਜਿਹੀਆਂ ਸਮਾਜਿਕ ਸੰਸਥਾਵਾਂ ਦੇ ਸਹਿਯੋਗ ਦੀ ਵੱਡੀ ਲੋੜ ਹੈ। ਉਨਾਂ ਕਿਹਾ ਕਿ ਪੁਲਿਸ ਅਧਿਕਾਰੀਆਂ , ਸਟਾਫ਼ ਤੋਂ ਇਲਾਵਾ ਮੰਡੀਆਂ 'ਚ ਕਿਸਾਨਾਂ ਲਈ ਇਹ ਮਾਸਕ ਅਤੇ ਸੈਟੇਨਾਈਜ਼ਰ ਮੁਹੱਈਆ ਕਰਵਾਏ ਜਾਣਗੇ। ਇਸ ਮੌਕੇ ਖ਼ਾਲਸਾ ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ , ਖ਼ਾਲਸਾ ਖ਼ਾਲਸਾ ਕਾਲਜ ਫ਼ਾਰ ਵੂਮੈਨ ਪ੍ਰਿੰਸੀਪਲ ਡਾ. ਮਨਪ੍ਰੀਤ ਕੌਰ , ਖ਼ਾਲਸਾ ਕਾਲਜ ਆਫ਼ ਫ਼ਾਰਮੇਸੀ ਪ੍ਰਿੰਸੀਪਲ ਡਾ. ਆਰ. ਕੇ. ਧਵਨ , ਖ਼ਾਲਸਾ ਕਾਲਜ ਆਫ਼ ਨਰਸਿੰਗ ਪ੍ਰਿੰਸੀਪਲ ਡਾ. ਕਮਲਜੀਤ ਕੌਰ, ਆਦਿ ਹਾਜ਼ਰ ਸਨ।

ਕੈਪਸ਼ਨ

ਖਾਲਸਾ ਕਾਲਜ ਸੁਸਾਇਟੀ ਵੱਲੋਂ ਜਿਲਾ ਪ੍ਰਸ਼ਾਸਨ ਨੂੰ ਮਾਸਕ ਅਤੇ ਸੈਨੇਟਾਇਜ਼ਰ ਦੇਣ ਮੌਕੇ ਸ. ਰਜਿੰਦਰ ਮੋਹਨ ਸਿੰਘ ਛੀਨਾ। ਨਾਲ ਹਨ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਤੇ ਡੀ ਸੀ ਪੀ ਜਗਮੋਹਨ ਸਿੰਘ।

===========

**File No.DIPR-PRSS0PRS1(356)/377/2020-DPRO Amritsar**

**I/19220/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਅੰਮ੍ਰਿਤਸਰ ਜ਼ਿਲੇ ਵਿਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ**

**ਜੰਡਿਆਲਾ ਗੁਰੂ, ਟਾਂਗਰਾ ਅਤੇ ਰਈਆ ਮੰਡੀ ਵਿਚ ਪੁੱਜੀ ਕਣਕ**

ਅੰਮ੍ਰਿਤਸਰ, 19 ਅਪ੍ਰੈਲ ( )-

ਪੰਜਾਬ ਸਰਕਾਰ ਵੱਲੋਂ ਜ਼ਿਲੇ ਵਿਚ ਕਣਕ ਦੀ ਸੁਰੱਖਿਅਤ ਖਰੀਦ ਯਕੀਨੀ ਬਨਾਉਣ ਲਈ ਕੀਤੇ ਗਏ ਸਾਰੇ ਪ੍ਰਬੰਧਾਂ ਅਨੁਸਾਰ ਜਿਲੇ ਵਿਚ ਕਣਕ ਦੀ ਖ੍ਰੀਦ ਸ਼ੁਰੂ ਹੋ ਗਈ ਹੈ। ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਦੱਸਿਆ ਕਿ ਜੰਡਿਆਲਾ ਗੁਰੂ, ਟਾਂਗਰਾ ਅਤੇ ਰਈਆ ਦੀਆਂ ਅਨਾਜ ਮੰਡੀਆਂ ਵਿਚ ਕਣਕ ਪਹੁੰਚ ਚੁੱਕੀ ਹੈ , ਜੋ ਕਿ ਵੱਖ-ਵੱਖ ਏਜੰਸੀਆਂ ਨੇ ਸਰਕਾਰੀ ਮੁੱਲ ਉਤੇ ਖਰੀਦ ਕੀਤੀ ਹੈ।

ਉਨਾਂ ਕਿਹਾ ਕਿ ਸਰਕਾਰ ਕਣਕ ਦਾ ਇਕ-ਇਕ ਦਾਣਾ ਖਰੀਦੇਗੀ , ਕਿਸਾਨ ਕਿਸੇ ਤਰਾਂ ਦੀ ਕਾਹਲ ਨਾ ਕਰਨ ਅਤੇ ਜੋ ਵੀ ਪ੍ਰਬੰਧ ਸਰਕਾਰ ਵੱਲੋਂ ਮੰਡੀ ਬੋਰਡ ਦੀ ਸਹਾਇਤਾ ਨਾਲ ਸ਼ੁਰੂ ਕੀਤੇ ਗਏ ਹਨ , ਉਨਾਂ ਦਾ ਪਾਲਣ ਆਪਣੀ ਅਤੇ ਆਪਣੇ ਪਰਿਵਾਰ ਦੀ ਸੁਰੱਖਿਆ ਲਈ ਯਕੀਨੀ ਬਨਾਉਣ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭੀੜ ਤੋਂ ਬਚਣ ਅਤੇ ਸੁਖਾਲੀ ਖਰੀਦ ਯਕੀਨੀ ਬਣਾਉਣ ਲਈ ਆੜਤੀਆ ਦੁਆਰਾ ਕਿਸਾਨਾਂ ਨੂੰ ਹੋਲੋਗ੍ਰਾਮ ਵਾਲੇ ਕੂਪਨ ਦਿੱਤੇ ਜਾ ਰਹੇ ਹਨ ਅਤੇ ਉਸੇ ਅਧਾਰ ਉਤੇ ਕਣਕ ਮੰਡੀ ਵਿਚ ਆ ਸਕੇਗੀ।

ਉਨਾਂ ਦੱਸਿਆ ਕਿ ਕੋਰੋਨਾਵਾਇਰਸ ਦੇ ਖ਼ਤਰੇ ਨੂੰ ਰੋਕਣ ਲਈ ਲੋੜੀਂਦੀਆਂ ਸਾਰੀਆਂ ਸੁਰੱਖਿਆ ਵਿਧੀਆਂ , ਸਫਾਈ ਦੇ ਪ੍ਰੋਟੋਕਲ, ਸਮਾਜਿਕ ਦੂਰੀ ਦੇ ਨਿਯਮਾਂ , ਮਾਸਕ ਪਾਉਣ ਤੇ ਸੈਨੀਟਾਈਜ਼ਰਾਂ ਦੀ ਵਰਤੋਂ ਸਖਤੀ ਨਾਲ ਲਾਗੂ ਕਰਨੀ ਯਕੀਨੀ ਬਣਾਇਆ ਜਾਵੇ। ਸ. ਢਿੱਲੋਂ ਨੇ ਦੱਸਿਆ ਕਿ ਅੱਜ ਮਾਰਕਫੈਡ , ਪਨਗਰੇਨ, ਪੰਜਾਬ ਸਟੇਟ ਵੇਅਰ ਹਾਊਸ ਕਾਰੋਪਰੇਸ਼ਨ ਨੇ ਕਣਕ ਦੀ ਖਰੀਦ ਕੀਤੀ ਹੈ।

=============

**File No.DIPR-PRSS0PRS1(356)/377/2020-DPRO Amritsar**

**I/19221/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਡਿਪਟੀ ਕਮਿਸ਼ਨਰ ਵੱਲੋਂ ਰਾਸ਼ਨ ਨਾ ਮਿਲਣ ਸਬੰਧੀ ਲੱਗੀ ਖਬਰ ਦਾ ਗੰਭੀਰ ਨੋਟਿਸ**

**ਪਰ ਖ਼ਬਰ ਨਿਕਲੀ ਬੇਬਿਨੁਆਦ**

ਅੰਮ੍ਰਿਤਸਰ, 19 ਅਪ੍ਰੈਲ (          )-

ਬੀਤੇ ਦਿਨ ਇਕ ਅਖਬਾਰ ਵਿਚ ਲੋਪੋਕੇ ਤੋਂ ਲੱਗੀ ਖਬਰ ਕਿ ਗ੍ਰਾਮ ਪੰਚਾਇਤ ਨਵਾਂਜੀਵਨ ਦੇ ਲੋਕਾਂ ਨੂੰ ਕਰਫਿਊ ਦੌਰਾਨ ਰਾਸ਼ਨ ਨਹੀਂ ਮਿਲ ਰਿਹਾ ਅਤੇ ਲੋਕ ਬੜੇ ਪਰੇਸ਼ਾਨ ਹਨ , ਦਾ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਗੰਭੀਰ ਨੋਟਿਸ ਲੈਂਦੇ ਖਬਰ ਜਾਂਚ ਲਈ ਐਸ ਡੀ ਐਮ ਅਜਨਾਲਾ ਨੂੰ ਭੇਜੀ ਅਤੇ ਲੋਕਾਂ ਨੂੰ ਤਰੁੰਤ ਰਾਹਤ ਦੇਣ ਦੀ ਹਦਾਇਤ ਵੀ ਕਰ ਦਿੱਤੀ। ਐਸ ਡੀ ਐਮ ਅਜਨਾਲਾ ਨੇ ਜਦ ਇਹ ਰਾਹਤ ਦੇਣ ਲਈ ਟੀਮ ਭੇਜੀ ਤਾਂ ਮਸਲਾ ਇਹ ਨਿਕਲਿਆ ਕਿ ਉਕਤ ਲੋਕਾਂ ਨੂੰ ਰਾਸ਼ਨ ਤਾਂ ਗ੍ਰਾਮ ਪੰਚਾਇਤ ਵੱਲੋਂ ਰਾਸ਼ਨ ਦਿੱਤਾ ਜਾ ਚੁੱਕਾ ਹੈ ਅਤੇ ਉਕਤ ਲੋਕ ਜਿੰਨਾ ਵੱਲੋਂ ਖ਼ਬਰ ਲੱਗੀ ਸੀ, ਦੇ ਦਸਤਖ਼ਤ ਵੀ ਕਿੱਟਾਂ ਲੈਣ ਵਾਲੀ ਸੂਚੀ ਉਤੇ ਹਨ। ਬੀ ਡੀ ਪੀ ਓ ਚੌਗਾਵਾਂ ਨੇ ਆਪਣੀ ਰਿਪੋਰਟ ਵਿਚ ਦੱਸਿਆ ਕਿ ਇਹ ਖ਼ਬਰ ਇਕ ਡੀਪੂ ਹੋਲਡਰ ਤੇ ਪਿੰਡ ਦੇ ਜੀ. ਓ. ਜੀ. ਵੱਲੋਂ ਲੋਕਾਂ ਨੂੰ ਉਕਸਾ ਕੇ ਲਗਵਾਈ ਗਈ ਹੈ। ਬੀ ਡੀ ਪੀ ਓ ਨੇ ਸ਼ਿਕਾਇਤ ਅਗਲੀ ਕਾਰਵਾਈ ਲਈ ਐਸ ਡੀ ਐਮ ਅਜਨਾਲਾ ਨੂੰ ਭੇਜ ਦਿੱਤੀ ਹੈ।

=============

**File No.DIPR-PRSS0PRS1(356)/377/2020-DPRO Amritsar**

**I/19222/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**3 ਮਈ ਤੱਕ ਕਰਫਿਊ ਵਿੱਚ ਕੋਈ ਢਿੱਲ ਨਹੀਂ ਦਿੱਤੀ ਜਾ ਸਕਦੀ-ਡਿਪਟੀ ਕਮਿਸ਼ਨਰ**

**ਕਣਕ ਦੀ ਕਟਾਈ ਲਈ ਕੇਵਲ ਕਿਸਾਨ ਤੇ ਮਜ਼ਦੂਰਾਂ ਨੂੰ ਮਿਲੇਗੀ ਛੋਟ**

ਅੰਮ੍ਰਿਤਸਰ, 19 ਅਪਰੈਲ ( )---

ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਜਿਲੇ ਵਿਚ 3 ਮਈ ਤੱਕ ਕਰਫਿਊ ਵਿਚ ਕਿਸੇ ਕਿਸਮ ਦੀ ਢਿੱਲ ਦੇਣ ਨੂੰ ਰੱਦ ਕਰ ਦਿੱਤਾ ਹੈ। ਉਨਾਂ ਕਿਹਾ ਕਿ ਰਾਜ ਸਰਕਾਰ ਵੱਲੋਂ 3 ਮਈ ਨੂੰ ਸਥਿਤੀ ਦਾ ਜਾਇਜ਼ਾ ਲੈਣ ਮਗਰੋਂ ਹੀ ਢਿੱਲ ਬਾਰੇ ਵਿਚਾਰ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਸ. ਢਿੱਲੋਂ ਨੇ ਕਿਹਾ ਕਿ ਕਰਫਿਊ ਦੌਰਾਨ ਕੇਵਲ ਕਣਕ ਦੀ ਫਸਲ ਲਈ ਸਾਂਭ-ਸੰਭਾਲ ਵਾਸਤੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਛੋਟ ਦਿੱਤੀ ਗਈ ਹੈ ਅਤੇ ਉਹ ਵੀ ਕੋਵਿਡ 19 ਦੀਆਂ ਜ਼ਰੂਰੀ ਸਾਵਧਾਨੀਆਂ, ਜਿਸ ਵਿਚ ਆਪਸੀ ਦੂਰੀ, ਹੱਥਾਂ ਨੂੰ ਵਾਰ-ਵਾਰ ਧੋਣਾ , ਮਾਸਕ ਲਗਾਉਣੇ, ਭੀੜ ਇਕੱਠੀ ਨਾ ਕਰਨੀ ਆਦਿ ਨੂੰ ਅਪਨਾ ਕੇ ਆਪਣਾ ਕੰਮ ਕਰਨਗੇ ਅਤੇ ਮੰਡੀਆਂ ਵਿਚ ਇਸ ਗੱਲ ਦਾ ਵਿਸ਼ੇਸ਼ ਖਿਆਲ ਰੱਖਿਆ ਜਾ ਰਿਹਾ ਹੈ।

ਉਨਾਂ ਕਿਹਾ ਕਿ ਇਸ ਤੋਂ ਇਲਾਵਾ ਕਰਿਆਨਾ ਅਤੇ ਹੋਰ ਜ਼ਰੂਰੀ ਵਸਤਾਂ ਵਾਲੀਆਂ ਦੁਕਾਨਾਂ ਉਤੇ ਭੀੜ ਇਕੱਤਰ ਨਾ ਹੋਣ ਨੂੰ ਯਕੀਨੀ ਬਣਾਇਆ ਜਾਵੇਗਾ ਅਤੇ ਸਮਾਜਿਕ ਦੂਰੀ ਦੇ ਨਿਯਮਾਂ ਦੀ ਸਖਤੀ ਨਾਲ ਪਾਲਣਾ ਕਰਵਾਉਣ ਲਈ ਠੋਸ ਕਦਮ ਚੁੱਕੇ ਜਾਣਗੇ।

ਉਨਾਂ ਸਪੱਸ਼ਟ ਕੀਤਾ ਕਿ ਇਸ ਸਮੇਂ ਸਾਰੀਆਂ ਕੋਸ਼ਿਸ਼ਾਂ ਜ਼ਿੰਦਗੀ ਬਚਾਉਣ ਲਈ ਕੇਂਦਰਿਤ ਹਨ ਅਤੇ ਸਾਡੀ ਕੋਸ਼ਿਸ਼ ਹੈ ਕਿ ਅਸੀਂ ਕੋਵਿਡ- 19 ਮੁਕਤ ਮਾਹੌਲ ਵਿੱਚ ਕਣਕ ਦੀ ਨਿਰਵਿਘਨ ਅਤੇ ਸੁਰੱਖਿਅਤ ਖਰੀਦ ਕਰੀਏ। ਉਨਾਂ ਕਿਹਾ ਕਿ ਕਰਫਿਊ ਨੂੰ ਅੱਗੇ ਨਾਲੋਂ ਵੀ ਸਖਤੀ ਨਾਲ ਲਾਗੂ ਕੀਤਾ ਜਾਵੇਗਾ ਅਤੇ ਜੇਕਰ ਕਿਸੇ ਨੇ ਵੀ ਕਰਫਿਊ ਦੀ ਉਲੰਘਣਾ ਕਰਨ ਦੀ ਕੋਸ਼ਿਸ਼ ਕੀਤੀ ਉਸ ਖਿਲਾਫ ਆਫਤਨ ਪ੍ਰਬੰਧ ਕਾਨੂੰਨ 2005 ਅਤੇ ਆਈ.ਪੀ.ਸੀ. 1860 ਦੀਆਂ ਸਬੰਧਤ ਧਾਰਾਵਾਂ ਤਹਿਤ ਅਪਰਾਧਿਕ ਕੇਸ ਦਰਜ ਕੀਤੇ ਜਾਣਗੇ।

ਪਿੰਡਾਂ ਵਿਚ ਚੱਲਦੀ ਛੋਟੀ ਸਨਅਤ ਬਾਰੇ ਉਨਾਂ ਸਪੱਸ਼ਟ ਕੀਤਾ ਕਿ ਜੇਕਰ ਉਹ ਆਪਣੇ ਮੁਲਾਜ਼ਮਾਂ ਨੂੰ ਕੰਮ ਵਾਲੇ ਸਥਾਨ ਉਤੇ ਰੱਖ ਸਕਦਾ ਹੈ ਜਾਂ 10 ਮੁਲਾਜ਼ਮਾਂ ਲਈ 30 ਸੀਟਾਂ ਵਾਲੀ ਬਸ ਆਉਣ-ਜਾਣ ਲਈ ਦੇ ਸਕਦਾ ਹੈ ਅਤੇ ਸਾਰੇ ਮੁਲਾਜ਼ਮਾਂ ਦਾ ਮੈਡੀਕਲ ਬੀਮਾ ਕਰਵਾਉਂਦਾ ਹੈ ਤਾਂ ਉਸ ਨੂੰ ਇੰਡਸਟਰੀ ਵਿਭਾਗ ਵੱਲੋਂ ਪਰਮਿਟ ਦਿੱਤਾ ਜਾ ਸਕਦਾ ਹੈ। ਉਨਾਂ ਕਿਹਾ ਕਿ ਇੱਥੇ ਵੀ ਕੰਮ ਕਰਨ ਵਾਲੇ ਮੁਲਾਜ਼ਮਾਂ ਨੂੰ ਸਨਅਤ ਤੋਂ ਬਾਹਰ ਆਉਣ ਦੀ ਆਗਿਆ ਨਹੀਂ ਹੋਵੇਗੀ।

============